# ਦਫ਼ਤਰ ਨਗਰ ਨਿਗਮ, ਹੁਸ਼ਿਆਰਪੁਰ।
# ਪ੍ਰੈਸ ਨੋਟ

## ਤਿਕਸ਼ਨ ਸੂਦ ਵਲੋਂ ਵਾਰਡ ਨੰ: 41 ਵਿਚ 33.84 ਲੱਖ ਰੁਪਏ ਦੀ ਲਾਗਤ ਨਾਲ ਇੰਟਰਲਾਕਿੰਗ ਟਾਈਲਾਂ ਦੇ ਕੰਮ ਦੀ ਸ਼ੁਰੂਆਤ

ਹੁਸ਼ਿਆਰਪੁਰ 08 ਜੂਨ          ਨਗਰ ਨਿਗਮ ਹੁਸ਼ਿਆਰਪੁਰ ਦੇ ਸਾਰੇ ਵਾਰਡਾਂ ਵਿਚ ਸਭ ਦਾ ਸਾਥ, ਸਭ ਦਾ ਵਿਕਾਸ ਦੇ ਮੰਤਵ ਨੂੰ ਲੈ ਕੇ ਬਿਨ੍ਹਾਂ ਭੇਦ ਭਾਵ ਦੇ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਇਹ ਵਿਚਾਰ ਮੁੱਖ ਮੰਤਰੀ ਪੰਜਾਬ ਦੇ ਰਾਜਨੀਤੀਕ ਸਲਾਹਕਾਰ ਸ੍ਰੀ ਤਿਕਸ਼ਨ ਸੂਦ ਨੇ ਵਾਰਡ ਨੰ: 41 ਦੇ ਮੁਹੱਲਾ ਮਾਨਵਤਾ ਨਗਰ ਵਿਖੇ 33.84 ਲੱਖ ਰੁਪਏ ਦੀ ਲਾਗਤ ਨਾਲ ਇੰਟਰਲਾਕਿੰਗ ਟਾਇਲਾਂ ਨਾਲ ਬਣਨ ਵਾਲੀਆਂ ਗਲੀਆਂ ਦੇ ਕੰਮ ਦੀ ਸ਼ੁਰਆਤ ਕਰਨ ਮੌਕੇ ਪ੍ਰਗਟ ਕੀਤੇ। ਉਹਨਾਂ ਦੱਸਿਆ ਕਿ ਸ਼ਹਿਰ ਨਿਵਾਸੀਆਂ ਦੀਆਂ ਮੁਸ਼ਕਲਾਂ ਦੇ ਹੱਲ ਲਈ ਨਗਰ ਨਿਗਮ ਵਲੋਂ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ ਅਤੇ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਵਿੱਚ ਕੁਆਲਟੀ ਵਿੱਚ ਕੋਈ ਸਮਝੋਤਾ ਨਹੀ ਕੀਤਾ ਜਾਵੇਗਾ। ਉਹਨਾਂ ਲੋਕਾ ਨੂੰ ਅਪੀਲ ਕੀਤੀ ਕਿ ਨਗਰ ਨਿਗਮ ਵਲੋ ਕਰਵਾਏ ਜਾ ਰਹੇ ਵਿਕਾਸ ਕਾਰਜ ਆਪਣੀ ਨਿਗਰਾਣੀ ਵਿੱਚ ਕਰਵਾਉਣ।ਨਗਰ ਨਿਗਮ ਦੇ ਅਧਿਕਾਰੀਆਂ ਵਲੋ ਵੀ ਵਿਕਾਸ ਕਾਰਜਾਂ ਦੀ ਉਚ ਕੁਆਲਟੀ ਕਾਇਮ ਰੱਖਣ ਲਈ ਅਚਨਚੇਤੀ ਚੈਕਿੰਗ ਕੀਤੀ ਜਾ ਰਹੀ ਹੈ। ਨਗਰ ਨਿਗਮ ਦੇ ਡਿਪਟੀ ਮੇਅਰ ਅਤੇ ਵਾਰਡ ਨੰ: 41 ਦੇ ਕੌਂਸਲਰ ਸ਼੍ਰੀਮਤੀ ਸ਼ੁਕਲਾ ਸ਼ਰਮਾ ਅਤੇ ਉਹਨਾਂ ਦੇ ਪਰਿਵਾਰ ਵਲੋਂ ਤਿਕਸ਼ਨ ਸੂਦ ਦਾ ਧੰਨਵਾਦ ਕਰਦੇ ਹੋਏ ਉਹਨਾਂ ਦਾ ਅਤੇ ਨਗਰ ਨਿਗਮ ਦੇ ਮੇਅਰ ਸ਼ਿਵ ਸੂਦ, ਸੀਨੀਅਰ ਡਿਪਟੀ ਮੇਅਰ ਪ੍ਰੇਮ ਸਿੰਘ ਪਿਪਲਾਂਵਾਲਾ ਦਾ ਸਨਮਾਨ ਵੀ ਕੀਤਾ।

ਮੰਡਲ ਪ੍ਰਧਾਨ ਵਿਨੋਦ ਪਰਮਾਰ, ਕੌਂਸਲਰ ਨਿਪੁਨ ਸ਼ਰਮਾ, ਪੁਨੀਤ ਸ਼ਰਮਾ ਲਵਲੀ, ਅਨੰਦਵੀਰ ਸਿੰਘ, ਰਾਮਦੇਵ ਯਾਦਵ, ਪ੍ਰਭ ਬਖਸ਼ੀਸ਼ ਸਿੰਘ, ਸੁਸ਼ੀਲ ਕੁਮਾਰ, ਗੋਪਾਲ ਰਾਏ, ਵਿਜੇ ਕੁਮਾਰ, ਕਨਵਰ ਜੀਤ ਸਿੰਘ, ਚੰਦਰ ਕੰਡਾ, ਰਘੁਬੀਰ ਸਿੰਘ, ਅਸ਼ੋਕ ਕਮੁਾਰ, ਕਪਿਲ, ਪਿੰਕਾ ਸਿੰਘ, ਬਿਟੂ ਕਸ਼ਯਪ ਅਤੇ ਮੁੱਹਲਾ ਨਿਵਾਸੀ ਇਸ ਮੌਕੇ ਤੇ ਹਾਜ਼ਰ ਸਨ।